<u>*ਪ੍ਰੈਸ ਨੋਟ*</u>
<u>*(ਫਿਰੋਜ਼ਪੁਰ ਪੁਲਿਸ)*</u>

ਜਿਲ੍ਹਾ ਪੁਲਿਸ ਫਿਰੋਜਪੁਰ ਵੱਲੋਂ ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀ ਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਕੇ ਰਾਣੀ ਪਤਨੀ ਸਵ:ਅਸ਼ਵਨੀ ਕੁਮਾਰ ਵਾਸੀ ਨੇੜੇ ਪੋਥੀਮਾਲਾ ਗੁਰੂਹਰਸਹਾਏ, ਥਾਣਾ ਗੁਰੂਹਰਸਹਾਏ, ਜਿਲ੍ਹਾ ਫਿਰੋਜ਼ਪੁਰ ਦੀ **60,00,000/- ਰੁਪਏ ਦੀ** ਬਣਾਈ ਗਈ ਗੈਰ ਕਾਨੂੰਨੀ ਜਾਇਦਾਦ ਅ/ਧ 68-ਐਫ(2) ਐਨ.ਡੀ.ਪੀ.ਐਸ. ਐਕਟ 1985 **ਤਹਿਤ ਫਰੀਜ਼ ਕਰਵਾਈ ਗਈ ਹੈ**,

**ਜਿਲ੍ਹਾ ਪੁਲਿਸ ਫਿਰੋਜ਼ਪੁਰ ਵੱਲੋ** ਪ੍ਰੈਸ ਨੂੰ ਜਾਣਕਾਰੀ ਦਿੰਦਿਆ ਦੱਸਿਆ ਕਿ ਪੰਜਾਬ ਸਰਕਾਰ ਅਤੇ ਮਾਨਯੋਗ ਡੀ.ਜੀ.ਪੀ. ਪੰਜਾਬ ਜੀ ਦੇ ਦਿਸ਼ਾਂ ਨਿਰਦੇਸ਼ਾ ਅਨੁਸਾਰ ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆ ਪਰ ਪੂਰੀ ਤਰਾਂ ਠੱਲ ਪਾਉਣ ਲਈ ਹਰ ਸੰਭਵ ਕੋਸ਼ਿਸ ਕੀਤੀ ਜਾ ਰਹੀ ਹੈ। ਇਸ ਮੁਹਿਮ ਤਹਿਤ ਜਿਲ੍ਹਾ ਪੁਲਿਸ ਦੁਆਰਾ ਜਿਲ੍ਹਾ ਦੇ ਸਮੂਹ ਗਜਟਿਡ ਅਧਿਕਾਰੀਆ ਦੀ ਨਿਗਰਾਨੀ ਹੇਠ ਸਪੈਸ਼ਲ ਟੀਮਾਂ ਬਣਾਈਆਂ ਗਈਆਂ ਹਨ, ਜੋ ਮੁਸ਼ਤੈਦੀ ਨਾਲ ਪੂਰੇ ਏਰੀਆ ਅੰਦਰ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰ ਰਹੀਆਂ ਹਨ।

ਇਸ ਮੁਹਿੰਮ ਤਹਿਤ ਸ਼੍ਰੀ ਰਣਧੀਰ ਕੁਮਾਰ, ਆਈ.ਪੀ.ਐਸ, ਕਪਤਾਨ ਪੁਲਿਸ (ਇੰਨ:) ਫਿਰੋਜਪੁਰ, ਦੀ ਨਿਗਰਾਨੀ ਹੇਠ ਕੰਮ ਕਰ ਰਹੀ ਪੁਲਿਸ ਟੀਮਾਂ ਵੱਲੋਂ ਰਾਣੀ ਉਕਤ ਜਿਸ ਤੋਂ 500 ਗ੍ਰਾਮ ਹੈਰੋਇਨ ਬਰਾਮਦ ਹੋਣ ਤੇ ਇਸ ਦੇ ਖਿਲਾਫ **ਮੁਕੱਦਮਾ ਨੰ. 93** ਮਿਤੀ 10.08.2021 ਅ/ਧ 21/29/61 ਐਨ.ਡੀ.ਪੀ.ਐਸ ਐਕਟ, 1985 ਥਾਣਾ ਕੁੱਲਗੜੀ, ਜਿਲ੍ਹਾ ਫਿਰੋਜ਼ਪੁਰ ਵਿੱਚ ਦਰਜ ਰਜਿਸਟਰ ਹੋਇਆ ਸੀ।ਮੁਕੱਦਮਾ ਜੇਰੇ ਸਮਾਇਤ ਅਦਾਲਤ ਹੈ। ਪੁਲਿਸ ਟੀਮ ਵੱਲੋਂ ਰਾਣੀ ਉਕਤ ਦੇ ਰਿਹਾਇਸ਼ੀ ਮਕਾਨ 06-06 ਮਰਲ ਦੇ, ਜਿਸ ਦੀ ਕੁੱਲ ਕੀਮਤ **60,00,000/-** ਰੁਪਏ ਸੀ। ਇਸ ਤਰਾਂ **ਇਸ ਕੁੱਲ ਜਾਇਦਾਦ 60,00,000/-** ਰੁਪਏ ਗੈਰ ਕਾਨੂੰਨੀ ਜਾਇਦਾਦ ਨੂੰ ਅ/ਧ 68-ਐਫ(2) ਐਨ.ਡੀ.ਪੀ.ਐਸ. ਐਕਟ 1985 ਤਹਿਤ ਫਰੀਜ਼ ਕਰਵਾਇਆ ਗਿਆ ਹੈ, ਇਹਨਾਂ ਹੁਕਮਾ ਤਹਿਤ **ਅੱਜ ਹਲਕਾ ਡੀ.ਐੱਸ.ਪੀ ਗੁਰੂਹਰਸਹਾਏ ਅਤੇ ਮੁੱਖ ਅਫਸਰ ਗੁਰੂਹਰਸਹਾਏ ਵੱਲੋਂ ਫਰੀਜਿੰਗ ਦੇ ਆਰਡਰਾਂ ਨੂੰ ਰਾਣੀ ਉਕਤ ਦੇ ਘਰ ਦੇ ਬਾਹਰ ਚਿਪਕਾਇਆ ਗਿਆ ਹੈ।**



**ਰਾਣੀ**

**ਇਸ ਤਰਾਂ ਸਾਲ 2023 ਦੌਰਾਨ ਨਸ਼ਾ ਤਸਕਰਾ ਵੱਲੋਂ** ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਕੇ **ਨਜਾਇਜ ਸਾਧਨਾਂ ਰਾਹੀ ਬਣਾਈ** ਗਈ **31 ਕੇਸਾਂ ਦੀ ਕੁੱਲ 14,76,66,802/- ਰੁਪਏ ਦੀ** ਗੈਰ ਕਾਨੂੰਨੀ ਜਾਇਦਾਦ **ਨੂੰ ਫਰੀਜ਼ ਕਰਵਾਈ ਜਾ ਚੁੱਕੀ ਹੈ।** ਜਿਸ ਕਰਕੇ ਸਬੰਧਿਤ ਨਸ਼ਾ ਤਸਕਰ ਹੁਣ ਇਸ ਗੈਰ-ਕਾਨੂੰਨੀ ਜਾਇਦਾਦ ਨੂੰ ਕਿਸੇ ਵੀ ਵਿਅਕਤੀ ਨੂੰ ਵੇਚ/ਟਰਾਂਸਫਰ ਨਹੀ ਕਰ ਸਕਦੇ।

ਇਸ ਤੋਂ ਇਲਾਵਾ ਨਸ਼ਿਆ ਵਿਰੁੱਧ ਕਾਰਵਾਈ ਕਰਦੇ ਹੋਏ **10 ਹੋਰ ਨਸ਼ਾ ਤਸਕਰਾ** ਦੀ ਪ੍ਰਾਪਰਟੀ ਜਬਤ ਕਰਵਾਉਣ ਸਬੰਧੀ ਜਾਬਤੇ ਅਨੁਸਾਰ ਕਾਰਵਾਈ ਕੀਤੀ ਜਾ ਰਹੀ ਹੈ।

ਪੜਤਾਲ ਰਿਕਾਰਡ ਕਰਨ ਤੇ **ਰਾਣੀ** ਦੇ ਖਿਲਾਫ ਹੇਠ ਲਿਖੇ ਮੁਕੱਦਮੇ ਦਰਜ ਰਜਿਸਟਰ ਹੋਣੇ ਤਸਦੀਕ ਹੋਏ ਹਨ:-

1) **ਮੁਕੱਦਮਾ ਨੰ. 93** ਮਿਤੀ 10.08.2021 ਅ/ਧ 21/29 ਐਨ.ਡੀ.ਪੀ.ਐਸ ਐਕਟ ਥਾਣਾ ਕੁੱਲਗੜੀ।
2) **ਮੁਕੱਦਮਾ ਨੰ. 186** ਮਿਤੀ 22.09.2023 ਅ/ਧ 21/29 ਐਨ.ਡੀ.ਪੀ.ਐਸ ਐਕਟ ਥਾਣਾ ਗੁਰੂਹਰਸਹਾਏ।
3) **ਮੁਕੱਦਮਾ ਨੰ. 241** ਮਿਤੀ 27.12.2018 ਅ/ਧ 21 ਐਨ.ਡੀ.ਪੀ.ਐਸ ਐਕਟ ਥਾਣਾ ਗੁਰੂਹਰਸਹਾਏ।
4) **ਮੁਕੱਦਮਾ ਨੰ. 168** ਮਿਤੀ 02.09.2019 ਅ/ਧ 452/325/379-ਬੀ ਆਈ.ਪੀ.ਸੀ ਥਾਣਾ ਗੁਰੂਹਰਸਹਾਏ।
5) **ਮੁਕੱਦਮਾ ਨੰ. 04** ਮਿਤੀ 20.01.2020 ਅ/ਧ 15/21/22 ਐਨ.ਡੀ.ਪੀ.ਐਸ ਐਕਟ ਥਾਣਾ ਗੁਰੂਹਰਸਹਾਏ।
6) **ਮੁਕੱਦਮਾ ਨੰ. 110** ਮਿਤੀ 17.06.2020 ਅ/ਧ 21 ਐਨ.ਡੀ.ਪੀ.ਐਸ ਐਕਟ ਥਾਣਾ ਗੁਰੂਹਰਸਹਾਏ।
7) **ਮੁਕੱਦਮਾ ਨੰ. 18** ਮਿਤੀ 27.02.2021 ਅ/ਧ 21 ਐਨ.ਡੀ.ਪੀ.ਐਸ ਐਕਟ ਥਾਣਾ ਗੁਰੂਹਰਸਹਾਏ।
8) **ਮੁਕੱਦਮਾ ਨੰ. 263** ਮਿਤੀ 07.10.2022 ਅ/ਧ 21/29 ਐਨ.ਡੀ.ਪੀ.ਐਸ ਐਕਟ ਥਾਣਾ ਗੁਰੂਹਰਸਹਾਏ।